**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ.ਏ.ਐਸ ਨਗਰ।**

**ਐਟ ਪੰ.ਸ.ਸਿੱ ਬੋਰਡ ਕੰਪਲੈਕਸ, ਫੇਜ-VIII, ਐਸ.ਏ.ਐਸ ਨਗਰ**

**(ਪਬਲਿਕ ਨੋਟਿਸ)**

**ਮੀਮੋ ਨੰ: ਟਰਾਂਸਫਰ ਸੈੱਲ/ਬਦਲੀਆਂ/2026666102/4 ਮਿਤੀ:ਐਸ.ਏ.ਐਸ ਨਗਰ: 13.06.2026**

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teacher Transfer Policy 2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਇਸ ਤੋਂ ਇਲਾਵਾ ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐਸਿੱ), ਪੰਜਾਬ ਦੇ ਮੀਮੋ ਨੰ: SSA/HR/Transfer/2020/118750, ਮਿਤੀ 22.05.2020 ਰਾਹੀਂ ਬਦਲੀ ਦੀ ਪਾਲਿਸੀ ਜਾਰੀ ਕੀਤੀ ਗਈ ਸੀ।

3.0 ਸਾਲ 2026 ਦੌਰਾਨ ਜਨਤਕ ਸੂਚਨਾ ਮੀਮੋ ਨੰ: ਟਰਾਂਸਫਰ ਸੈੱਲ/ਬਦਲੀਆਂ/2026666102/1, ਮਿਤੀ 04.05.2026, ਟਰਾਂਸਫਰ ਸੈੱਲ/ਬਦਲੀਆਂ/2026666102/2, ਮਿਤੀ 14.05.2026 ਅਤੇ ਟਰਾਂਸਫਰ ਸੈੱਲ/ਬਦਲੀਆਂ/2026666102/3 ਮਿਤੀ 19.05.2026 ਰਾਹੀਂ ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਅਤੇ ਸਿੱਖਿਆ ਪ੍ਰੋਵਾਈਡਰ, ਈ.ਜੀ.ਐਸ., ਏ.ਆਈ.ਈ, ਐਸ.ਟੀ.ਆਰ. ਵਲੰਟੀਅਰਜ, ਆਈ.ਈ.ਵਲੰਟੀਅਰਜ ਜੋ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ, ਉਹਨਾਂ ਤੋਂ ਬਦਲੀਆਂ ਲਈ ਆਨਲਾਈਨ ਬੇਨਤੀਆਂ ਮਿਤੀ 22.05.2026 ਤੱਕ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵੱਲੋਂ ਈਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Serivce Record ਭਰੇ ਗਏ ਹਨ।

4.0 ਦਰਖਾਸਤਕਰਤਾਵਾਂ ਵੱਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ, ਉਸਦੀ ਤਸਦੀਕ ਬੀਪੀਈਓ/ਡੀਈਓ ਵੱਲੋਂ ਮਿਤੀ 25.06.2026 ਤੋਂ 28.06.2026 ਤੱਕ ਕੀਤੀ ਗਈ ਹੈ।

5.0 ਵਿਭਾਗ ਵੱਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿਨ੍ਹਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ Station Choice ਮਿਤੀ 14.06.2026, ਰਾਤ 12:00 ਵਜੇ ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਭਧ ਖਾਲੀ ਅਸਾਮੀਆਂ ਦੀ ਸੂਚੀ ਈਪੰਜਾਬ ਪੋਰਟਲ ਤੇ Log In ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਭਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

6.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

7.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ Epunjabschoolportal ਤੇ ਉਪਲਭਧ ਹੈ।

ਸਹਾਇਕ ਡਾਇਰੈਕਟਰ (ਅਮਲਾ-1)